ਬਿਲਾਵਲੁ ਮਹਲਾ ੫ ॥ ਦੋਸੁ ਨ ਕਾਹੂ ਦੀਜੀਐ ਪ੍ਰਭੁ ਅਪਨਾ ਧਿਆਈਐ ॥ ਜਿਤੁ ਸੇਵਿਐ ਸੁਖੁ ਹੋਇ ਘਨਾ ਮਨ ਸੋਈ ਗਾਈਐ ॥੧॥ ਕਹੀਐ ਕਾਇ ਪਿਆਰੇ ਤੁਝੁ ਬਿਨਾ ॥ ਤੁਮ੍ ਦਇਆਲ ਸੁਆਮੀ ਸਭ ਅਵਗਨ ਹਮਾ ॥੧॥ ਰਹਾਉ ॥ ਜਿਉ ਤੁਮ੍ ਰਾਖਹੁ ਤਿਉ ਰਹਾ ਅਵਰੁ ਨਹੀ ਚਾਰਾ ॥ ਨੀਧਰਿਆ ਧਰ ਤੇਰੀਆ ਇਕ ਨਾਮ ਅਧਾਰਾ ॥੨॥ ਜੋ ਤੁਮ੍ ਕਰਹੁ ਸੋਈ ਭਲਾ ਮਨਿ ਲੇਤਾ ਮੁਕਤਾ ॥ ਸਗਲ ਸਮਗ੍ਰੀ ਤੇਰੀਆ ਸਭ ਤੇਰੀ ਜੁਗਤਾ ॥ ੩॥ ਚਰਨ ਪਖਾਰਉ ਕਰਿ ਸੇਵਾ ਜੇ ਠਾਕੁਰ ਭਾਵੈ ॥ ਹੋਹੁ ਕ੍ਰਿਪਾਲ ਦਇਆਲ ਪ੍ਰਭ ਨਾਨਕੁ ਗੁਣ ਗਾਵੈ ॥੪॥੫॥੩੫॥ {ਪੰਨਾ 809}

ਪਦਅਰਥ:- ਕਾਹੂ—ਕਿਸੇ ਨੂੰ ਭੀ। ਨ ਦੀਜੀਐ—ਨਹੀਂ ਦੇਣਾ ਚਾਹੀਦਾ ਹੈ। ਧਿਆਈਐ—ਸਿਮਰਨਾ ਚਾਹੀਦਾ ਹੈ। ਜਿਤੁ—ਜਿਸ ਦੀ ਰਾਹੀਂ। ਜਿਤੁ ਸੇਵਿਐ—ਜਿਸ ਦੀ ਸੇਵਾ-ਭਗਤੀ ਦੀ ਰਾਹੀਂ। ਘਨਾ—ਬਹੁਤ। ਮਨ—ਹੇ ਮਨ! ਸੋਈ—ਉਹੀ ਪ੍ਰਭੂ।1।

ਕਾਇ—ਕਿਸ ਨੂੰ? ਦਇਆਲ—ਦਇਆ ਦਾ ਘਰ। ਸੁਆਮੀ—ਮਾਲਕ। ਹਮਾ—ਸਾਡੇ ਵਿਚ ਹੀ।1। ਰਹਾਉ।

ਰਹਾ—ਰਹਾਂ, ਮੈਂ ਰਹਿੰਦਾ ਹਾਂ। ਚਾਰਾ—ਜ਼ੋਰ, ਹੀਲਾ। ਧਰ—ਓਟ। ਨੀਧਰਿਆ—ਨਿਓਟਿਆਂ ਨੂੰ। ਅਧਾਰਾ—ਆਸਰਾ।2।

ਮਨਿ ਲੇਤਾ—ਮੰਨਿ ਲੇਤਾ, ਮੰਨ ਲੈਂਦਾ ਹੈ। ਮੁਕਤਾ—(ਔਗੁਣਾਂ ਤੋਂ, ਦੁੱਖਾਂ ਤੋਂ) ਬਚਿਆ ਹੋਇਆ। ਸਗਲ—ਸਾਰੀ। ਸਮਗ੍ਰੀ—ਸਾਰੇ ਪਦਾਰਥ। ਜੁਗਤਾ—ਜੁਗਤੀ, ਮਰਯਾਦਾ।3।

ਪਖਾਰਉ—ਪਖਾਰਉਂ, ਮੈਂ ਧੋਵਾਂ। ਕਰਿ—ਕਰ ਕੇ। ਭਾਵੈ—ਚੰਗਾ ਲੱਗੇ। ਗਾਵੈ—ਗਾਂਦਾ ਰਹੇ।4।

ਅਰਥ:- ਹੇ (ਮੇਰੇ) ਮਾਲਕ-ਪ੍ਰਭੂ! ਤੂੰ ਤਾਂ ਸਦਾ ਦਇਆ ਦਾ ਘਰ ਹੈਂ, ਸਾਰੇ ਔਗੁਣ ਅਸਾਂ ਜੀਵਾਂ ਦੇ ਹੀ ਹਨ (ਜਿਨ੍ਹਾਂ ਕਰ ਕੇ ਸਾਨੂੰ ਦੁੱਖ-ਕਲੇਸ਼ ਵਾਪਰਦੇ ਹਨ)। ਹੇ ਪਿਆਰੇ ਪ੍ਰਭੂ! (ਇਹਨਾਂ ਦੁੱਖਾਂ ਕਲੇਸ਼ਾਂ ਤੋਂ ਬਚਣ ਲਈ) ਤੈਥੋਂ ਬਿਨਾ ਹੋਰ ਕਿਸ ਦੇ ਪਾਸ ਬੇਨਤੀ ਕੀਤੀ ਜਾਵੇ?।1। ਰਹਾਉ।

ਹੇ ਮੇਰੇ ਮਨ! (ਆਪਣੀਆਂ ਕੀਤੀਆਂ ਭੁੱਲਾਂ ਦੇ ਕਾਰਨ ਮਿਲ ਰਹੇ ਦੁੱਖਾਂ ਬਾਰੇ) ਕਿਸੇ ਹੋਰ ਨੂੰ ਦੋਸ ਨਹੀਂ ਦੇਣਾ ਚਾਹੀਦਾ (ਇਹਨਾਂ ਦੁੱਖਾਂ ਤੋਂ ਬਚਣ ਲਈ) ਆਪਣੇ ਪਰਮਾਤਮਾ ਨੂੰ (ਹੀ) ਯਾਦ ਕਰਨਾ ਚਾਹੀਦਾ ਹੈ ਕਿਉਂਕਿ ਉਸ ਪਰਮਾਤਮਾ ਦੀ ਸੇਵਾ-ਭਗਤੀ ਕੀਤਿਆਂ ਬਹੁਤ ਸੁਖ ਮਿਲਦਾ ਹੈ, ਉਸੇ ਦੀ ਹੀ ਸਿਫ਼ਤਿ-ਸਾਲਾਹ ਦਾ ਗੀਤ ਗਾਣਾ ਚਾਹੀਦਾ ਹੈ।1।

ਹੇ ਪ੍ਰਭੂ! ਤੂੰ ਜਿਵੇਂ ਮੈਨੂੰ ਰੱਖਦਾ ਹੈਂ, ਮੈਂ ਉਸੇ ਤਰ੍ਹਾਂ ਹੀ ਰਹਿ ਸਕਦਾ ਹਾਂ, (ਤੇਰੀ ਰਜ਼ਾ ਦੇ ਉਲਟ) ਮੇਰਾ ਕੋਈ ਜ਼ੋਰ ਨਹੀਂ ਚੱਲ ਸਕਦਾ। ਹੇ ਪ੍ਰਭੂ! ਤੂੰ ਹੀ ਨਿਓਟਿਆਂ ਦੀ ਓਟ ਹੈਂ, ਮੈਨੂੰ ਸਿਰਫ਼ ਤੇਰੇ ਨਾਮ ਦਾ ਹੀ ਆਸਰਾ ਹੈ।2।

ਹੇ ਪ੍ਰਭੂ! ਜੋ ਕੁਝ ਤੂੰ ਕਰਦਾ ਹੈਂ ਉਸ ਨੂੰ ਜੇਹੜਾ ਮਨੁੱਖ (ਆਪਣੇ) ਭਲੇ ਵਾਸਤੇ (ਹੁੰਦਾ) ਮੰਨ ਲੈਂਦਾ ਹੈ, ਉਹ (ਦੁੱਖਾਂ ਕਲੇਸ਼ਾਂ ਦੀ ਮਾਰ ਤੋਂ) ਬਚ ਜਾਂਦਾ ਹੈ। ਹੇ ਪ੍ਰਭੂ! ਜਗਤ ਦੇ ਸਾਰੇ ਪਦਾਰਥ ਤੇਰੇ ਬਣਾਏ ਹੋਏ ਹਨ, ਸਾਰੀ ਸਮਗ੍ਰੀ ਤੇਰੀ ਹੀ ਮਰਯਾਦਾ ਵਿਚ ਚੱਲ ਰਹੀ ਹੈ।3।

ਹੇ ਪ੍ਰਭੂ! ਹੇ ਮਾਲਕ! ਜੇ ਤੈਨੂੰ ਚੰਗਾ ਲੱਗੇ, ਤਾਂ ਮੈਂ ਤੇਰੀ ਸੇਵਾ-ਭਗਤੀ ਕਰ ਕੇ ਤੇਰੇ ਚਰਨ ਧੋਂਦਾ ਰਹਾਂ (ਭਾਵ, ਹਉਮੈ ਤਿਆਗ ਕੇ ਤੇਰੇ ਦਰ ਤੇ ਡਿੱਗਾ ਰਹਾਂ)। ਹੇ ਪ੍ਰਭੂ! ਦਇਆਵਾਨ ਹੋ, ਕਿਰਪਾ ਕਰ (ਤਾ ਕਿ ਤੇਰੀ ਦਇਆ ਤੇ ਕਿਰਪਾ ਨਾਲ ਤੇਰਾ ਦਾਸ) ਨਾਨਕ ਤੇਰੇ ਗੁਣ ਗਾਂਦਾ ਰਹੇ।4।5। 35।